| ਇਸ਼ਤਿਹਾਰ ਨੰ. |
|---|
| 12/2025 |

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਭਵਨ, ਸੈਕਟਰ-68, ਐਸ.ਏ.ਐਸ. ਨਗਰ**

https://sssb.punjab.gov.in

(0172-2298000 (Ex. 5106 and 5107), 0172-2298083)


| ਲੜੀ ਨੰ: | ਵੇਰਵਾ | ਪੰਨਾ ਨੰ: |
|---|---|---|
| 1. | ਮਹੱਤਵਪੂਰਨ ਮਿਤੀਆਂ | 2 |
| 2. | ਜਾਣ-ਪਹਿਚਾਣ | 2 |
| 3. | ਅਸਾਮੀਆਂ ਦਾ ਕੈਟਾਗਰੀ-ਵਾਈਜ਼ ਵਰਗੀਕਰਨ | 2-3 |
| 4. | ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ | 3 |
| 5. | ਵਿੱਦਿਅਕ ਯੋਗਤਾ | 4 |
| 6. | ਤਨਖਾਹ ਸਕੇਲ | 4-5 |
| 7. | ਉਮਰ ਸੀਮਾ | 5 |
| 8. | ਫੀਸ ਸਬੰਧੀ ਵੇਰਵਾ | 5 |
| 9. | ਚੋਣ ਵਿਧੀ/ਪ੍ਰੀਖਿਆ ਸਬੰਧੀ ਜਾਣਕਾਰੀ | 6-7 |
| 10. | ਇਸ਼ਤਿਹਾਰ ਨੰ. 05 ਆਫ 2023 ਵਿੱਚ ਪਹਿਲਾਂ ਤੋਂ ਆਨਲਾਈਨ ਅਪਲਾਈ ਕਰਨ ਵਾਲੇ ਉਮੀਦਵਾਰਾਂ ਸਬੰਧੀ ਗਾਈਡਲਾਈਨਜ਼ | 7 |
| 11. | ਅਪਲਾਈ ਕਰਨ ਦੀ ਵਿਧੀ | 8-10 |
| 12. | ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ | 10 |
| 13. | ਬਿਨੈਕਾਰ ਦੇ ਧਿਆਨ ਹਿੱਤ ਜਰੂਰੀ ਹਦਾਇਤਾਂ | 10-13 |

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਭਵਨ, ਸੈਕਟਰ-68, ਐਸ.ਏ.ਐਸ. ਨਗਰ**

https://sssb.punjab.gov.in

## ਜਨਤਕ ਨਿਯੁਕਤੀਆਂ

**ਮਹੱਤਵਪੂਰਨ ਮਿਤੀਆਂ:-**

| | | |
|---|---|---|
| **ਆਨਲਾਈਨ ਅਰਜੀਆਂ ਸਬਮਿਟ/ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ** | : | **01/12/2025** |
| **ਆਨਲਾਈਨ ਅਰਜੀਆਂ ਸਬਮਿਟ/ਅਪਲਾਈ ਕਰਨ ਦੀ ਆਖਰੀ ਮਿਤੀ** | : | **23/12/2025 (05-00 pm ਤੱਕ)** |
| **ਫੀਸ ਭਰਨ ਦੀ ਆਖਰੀ ਮਿਤੀ** | : | **26/12/2025** |

## ਜਾਣ-ਪਹਿਚਾਣ

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗਰੁੱਪ 'ਬੀ', 'ਸੀ' ਤੇ 'ਡੀ' ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ(ਭਲਾਈ ਸੈਲ ਨਾਨ ਪਲਾਨ) ਵਲੋਂ ਡਾਇਰੈਕਟੋਰੇਟ ਆਫ ਸਡਿਊਲਡ ਕਾਸਟਸ ਸਬ-ਪਲਾਨ ਵਿੱਚ ਤਕਨੀਕੀ ਸਹਾਇਕ(ਗਰੁੱਪ-ਬੀ) ਦੀਆਂ 02 ਅਸਾਮੀਆਂ ਨੂੰ ਭਰਨ ਲਈ ਮੰਗ ਪੱਤਰ ਪ੍ਰਾਪਤ ਹੋਇਆ ਹੈ, ਇਨ੍ਹਾਂ ਅਸਾਮੀਆਂ ਦੀ ਭਰਤੀ ਲਈ ਬੋਰਡ ਦੀ ਵੈਬਸਾਈਟ https***://sssb.punjab.gov.in*** ਤੇ ਯੋਗ ਉਮੀਦਵਾਰਾਂ ਤੋਂ **ਮਿਤੀ 01/12/2025 ਤੋਂ 23/12/2025 ਸ਼ਾਮ 05-00 ਵਜੇ** ਤੱਕ ਆਨਲਾਈਨ ਅਰਜੀਆਂ ਦੀ ਮੰਗ ਕੀਤੀ ਜਾਂਦੀ ਹੈ:-

### 1. ਅਸਾਮੀਆਂ ਦਾ ਕੈਟਾਗਿਰੀ-ਵਾਈਜ਼ ਵਰਗੀਕਰਨ

**(i) ਅਸਾਮੀ ਦਾ ਨਾਮ :- ਤਕਨੀਕੀ ਸਹਾਇਕ (02)**

| Sr. No. | Name of the Department | Category | Total Number of Vacancies (including Backlog) | Out of Total Number of Vacancies mention in Column D, Number of vacancies Reserved for women. |
|---|---|---|---|---|
| A | B | C | D | E |
| 1. | **ਡਾਇਰੈਕਟੋਰੇਟ ਆਫ ਸਡਿਊਲਡ ਕਾਸਟਸ ਸਬ-ਪਲਾਨ** | General | 01 | - |
| | | S.C. (R&O) | 01 | 01 |
| | | **Total** | **02** | **01** |

**ਨੋਟ:** (i) ਉਪਰੋਕਤ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ਼ ਵਰਗੀਕਰਨ ਸਬੰਧਤ ਵਿਭਾਗ ਵੱਲੋਂ ਪ੍ਰਾਪਤ ਹੋਏ ਮੰਗ-ਪੱਤਰ ਵਿੱਚ ਦਰਸਾਏ ਵਰਗੀਕਰਨ ਅਨੁਸਾਰ ਹੈ। ਜੇਕਰ ਸਬੰਧਤ ਵਿਭਾਗ ਵੱਲੋਂ ਭਵਿੱਖ ਵਿੱਚ ਭਰਤੀ ਪ੍ਰਕਿਰਿਆ ਦੀ

ਕਿਸੇ ਵੀ ਸਟੇਜ ਤੇ ਕਿਸੇ ਵੀ ਕਾਰਨ ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ ਜਾਂ ਵਧਾਉਣ ਜਾਂ ਰੱਦ ਕਰਨ ਦਾ ਫੈਸਲਾ ਲਿਆ ਜਾਂਦਾ ਹੈ ਤਾਂ ਬੋਰਡ ਦੁਆਰਾ ਇਸ ਸਬੰਧੀ Corrigendum/notice ਜਾਰੀ ਕਰਦੇ ਹੋਏ ਸੋਧ ਕੀਤੀ ਜਾ ਸਕਦੀ ਹੈ। ਅਜਿਹੀ ਹਰ ਤਰ੍ਹਾਂ ਦੀ ਸੋਧ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗੀ ਅਤੇ ਹਰ ਉਮੀਦਵਾਰ ਇਸਦੀ ਪਾਲਣਾ ਕਰਨਾ ਯਕੀਨੀ ਬਣਾਏਗਾ।

**(ii)** ਸ਼੍ਰੇਣੀ ਕੋਡ (Category Codes): ਉਮੀਦਵਾਰ ਵੱਲੋਂ ਆਨਲਾਈਨ ਅਪਲਾਈ ਕਰਨ ਸਮੇਂ ਸ਼੍ਰੇਣੀ ਅਤੇ ਸ਼੍ਰੇਣੀ ਕੋਡ ਨੂੰ ਧਿਆਨ ਵਿੱਚ ਰੱਖਦੇ ਹੋਏ ਅਪਲਾਈ ਕੀਤਾ ਜਾਵੇ। ਇਨ੍ਹਾਂ ਅਸਾਮੀਆਂ ਦੇ ਸ਼੍ਰੇਣੀ ਕੋਡ ਹੇਠ ਲਿਖੇ ਅਨੁਸਾਰ ਹਨ:-

| Sr. No. | Category | Code |
|---|---|---|
| 1 | General | 101 |
| 2 | S.C. (Ramdasia & Others) | 104 |

**2. ਰਾਖਵਾਂਕਰਨ/ Reservation ਸਬੰਧੀ ਮਹੱਤਵਪੂਰਨ ਹਦਾਇਤਾਂ:-**

(i) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਸੁਚੇਤ ਹੋ ਕੇ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾਵੇਗਾ।

(ii) ਉਮੀਦਵਾਰ ਕਿਸੇ ਵੀ ਅਜਿਹੀ ਸ਼੍ਰੇਣੀ ਵਿਰੁੱਧ ਅਪਲਾਈ ਨਾ ਕਰਨ ਜਿਸ ਦੀ ਅਸਾਮੀ ਉਪਰ ਦਰਸਾਈ ਸਾਰਣੀ ਵਿੱਚ ਦਰਜ ਨਹੀਂ ਹੈ। ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣੀ/ਸ਼੍ਰੇਣੀ ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ, ਉਸ ਸਥਿਤੀ ਵਿੱਚ ਅਜਿਹੇ ਪ੍ਰਾਰਥੀ ਦੀ ਪਾਤਰਤਾ ਮੁੱਢ ਤੋਂ ਹੀ ਰੱਦ ਮੰਨੀ ਜਾਵੇਗੀ।

(iii) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ, ਇਸ ਲਈ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਭਰਨ ਸਮੇਂ ਉਮੀਦਵਾਰ ਇਸ ਗੱਲ ਦਾ ਧਿਆਨ ਰੱਖਣ। ਉਮੀਦਵਾਰ ਵੱਲੋਂ ਆਨਲਾਈਨ ਭਰੇ ਗਏ ਫਾਰਮ ਵਿੱਚ ਦਰਜ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਦੇ ਆਧਾਰ ਤੇ ਹੀ ਉਸਦੀ ਪਾਤਰਤਾ ਨੂੰ ਵਿਚਾਰਿਆ ਜਾਵੇਗਾ।

(iv) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਦਾ ਤਾਜ਼ਾ ਜਾਰੀ ਹੋਇਆ ਸਰਟੀਫਿਕੇਟ (Domicile Certificate) ਪੇਸ਼ ਕਰੇਗਾ। ਇਹ ਸਰਟੀਫਿਕੇਟ ਹਰ ਸ਼੍ਰੇਣੀ ਦੇ ਉਮੀਦਵਾਰ (ਪੁਰਸ਼/ਇਸਤਰੀ) ਵੱਲੋਂ ਪੇਸ਼ ਕਰਨਾ ਲਾਜ਼ਮੀ ਹੈ। ਇਹ ਸਰਟੀਫਿਕੇਟ ਕੌਂਸਲਿੰਗ ਦੌਰਾਨ ਪੇਸ਼ ਕਰਨ ਸਮੇਂ ਕਿਸੇ ਵੀ ਸਥਿਤੀ ਵਿੱਚ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ।

(v) ਅਨੁਸੂਚਿਤ ਜਾਤੀ ਵਰਗ ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਿਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

(vi) ਉਮੀਦਵਾਰ ਕਾਉਂਸਲਿੰਗ ਸਮੇਂ ਅਤੇ ਹੋਰ ਕਿਸੇ ਵੀ ਸਟੇਜ ਤੇ ਬੋਰਡ ਦੀ ਮੰਗ ਅਨੁਸਾਰ ਆਪਣੀ ਸ਼੍ਰੇਣੀ ਨਾਲ ਸਬੰਧਤ ਹਰ ਤਰ੍ਹਾਂ ਦਾ ਪੁਖਤਾ (Valid) ਸਰਟੀਫਿਕੇਟ ਸਬੂਤ ਵੱਜੋਂ ਪੇਸ਼ ਕਰੇਗਾ। ਕਾਉਂਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ ਅਸਾਮੀਆਂ ਲਈ ਨਹੀਂ ਵਿਚਾਰਿਆ ਜਾਵੇਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਾਵੇਗਾ।

## 3. ਲੋੜੀਂਦੀ ਵਿੱਦਿਅਕ ਯੋਗਤਾ (Educational Qualification) :-

| ਲੜੀ ਨੰ. | ਅਸਾਮੀ ਦਾ ਨਾਮ | ਵਿਦਿਅਕ ਯੋਗਤਾ |
|---|---|---|
| 1. | **ਤਕਨੀਕੀ ਸਹਾਇਕ** | (i) Should have a Master's Degree (with at least fifty per cent marks) from a recognized university or an institution in Economics or Mathematics or Agriculture Economics or Commerce with Statistics as one of the papers or Master's degree (with at least fifty per cent marks) from a recognized university or an institution in Statistics:<br>Provided that preference shall be given to a person having an experience in collection, compilation and analysis of Statistical data in a Government office or a recognized institution on a post identical or similar to Statistical Assistant in the Economic and Statistical Organization, Punjab for a minimum period of one year;<br><br>OR<br><br>(ii) Should have a Master's Degree (with less than fifty per cent marks) from a recognized university or an institution in Economics or Mathematics or Agriculture Economics or Commerce with Statistics as one of the papers or Master's degree (**with less than fifty per cent marks**) from a recognized university or an institution in Statistics;<br>and Should possess an experience of collection, compilation and analysis of statistical data in a Government office or a recognized institution on a post identical or similar to Statistical Assistant in the Economic and Statistical Organization, Punjab for a minimum period of three years. |

**ਨੋਟ:-**

*(A)* ਉਪਰ ਦਰਸਾਈਆਂ ਅਸਾਮੀਆਂ ਲਈ Punjab Civil Services (General and Common Conditions of Service) Rules, 1994, ਦੇ ਨਿਯਮ 17 ਤਹਿਤ ਦਸਵੀਂ ਪੱਧਰ ਤੇ ਪੰਜਾਬੀ ਜਾਂ ਇਸਦੇ ਬਰਾਬਰ ਦੀ ਯੋਗਤਾ ਪਾਸ ਕੀਤੀ ਹੋਈ ਲਾਜ਼ਮੀ ਹੈ।

(B) ਵਿਦਿਅਕ ਯੋਗਤਾ/ਤਕਨੀਕੀ ਯੋਗਤਾ ਸਰਟੀਫਿਕੇਟ ਅਪਲਾਈ ਕਰਨ ਦੀ ਅੰਤਿਮ ਮਿਤੀ ਤੋਂ ਪਹਿਲਾਂ ਦਾ ਜਾਰੀ ਹੋਇਆ ਹੋਣਾ ਜਰੂਰੀ ਹੈ।

## 4. ਇਨ੍ਹਾਂ ਅਸਾਮੀਆਂ ਦਾ ਤਨਖਾਹ ਸਕੇਲ ਹੇਠ ਦਰਸਾਏ ਅਨੁਸਾਰ ਹੈ:-

| ਲੜੀ ਨੰ. | ਅਸਾਮੀ ਦਾ ਨਾਮ | Pay Scale as per 7th CPC |
|---|---|---|
| **1.** | ਤਕਨੀਕੀ ਸਹਾਇਕ | 35,400/- (Level - 6) |

ਨੋਟ:- i) ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦੇ ਪੱਤਰ ਨੰ: FD-FP-10PYPC/9/2023-3FP1/166-171, ਮਿਤੀ 27/06/2023 ਦੇ ਅਨੁਸਾਰ ਮੁੱਢਲੀ ਤਨਖਾਹ ਤੇ ਬਣਦੇ ਭੱਤੇ ਪਰਖਕਾਲ ਦਾ ਸਮਾਂ ਸਫਲਤਾਪੂਰਵਕ ਪਾਰ ਹੋਣ ਉਪਰੰਤ ਹੀ ਮਿਲਣਯੋਗ ਹੋਣਗੇ।

ii) ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦੀ ਅਧਿਸੂਚਨਾ ਨੰ. 7/204/2012-4FP1/60 ਮਿਤੀ 15.01.2015 ਅਤੇ ਨੰ. 7/204/2012-4FP1/853793, ਮਿਤੀ 04.10.2016 ਰਾਹੀਂ ਜਾਰੀ ਹਦਾਇਤਾਂ ਲਾਗੂ ਹੋਣਗੀਆਂ।

iii) ਉਪਰੋਕਤ ਤੋਂ ਇਲਾਵਾ ਵਿੱਤ ਵਿਭਾਗ ਅਤੇ ਪ੍ਰਸੋਨਲ ਵਿਭਾਗ ਵਲੋਂ ਸਮੇਂ-ਸਮੇਂ ਤੇ ਜਾਰੀ ਹਦਾਇਤਾਂ ਲਾਗੂ ਹੋਣਗੀਆਂ।

5. **ਉਮਰ ਸੀਮਾ:-**

ਉਪਰੋਕਤ ਅਸਾਮੀਆਂ ਲਈ ਉਮੀਦਵਾਰਾਂ ਦੀ ਉਮਰ ਸੀਮਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਤੀ 01.01.2025 ਨੂੰ ਹੇਠ ਅਨੁਸਾਰ ਹੋਣੀ ਚਾਹੀਦੀ ਹੈ:-

(i) ਕਿਸੇ ਵੀ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਨਹੀਂ ਹੋਣੀ ਚਾਹੀਦੀ।

(ii) ਜਨਰਲ ਸ਼੍ਰੇਣੀ ਦੇ ਉਮੀਦਵਾਰਾਂ ਦੀ ਉਪਰਲੀ ਉਮਰ 37 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(iii) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਮਰ ਦੀ ਉਪਰਲੀ ਸੀਮਾ 42 ਸਾਲ ਹੋਵੇਗੀ।

(iv) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਮਰ ਦੀ ਉਪਰਲੀ ਸੀਮਾਂ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(v) The upper age limit for widows, divorcees and certain other categories of married women as per instructions issued by the Government of Punjab vide letter No. 1/50/83-5PP(1368)/3454 dated 23.04.1984 will be relaxed up to 40 years.

**ਨੋਟ:-** 1. ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਨੂੰ ਉਮਰ ਦੀ ਉਪਰਲੀ ਸੀਮਾਂ ਵਿੱਚ ਛੋਟ ਲੈਣ ਲਈ ਆਪਣੇ ਵਿਭਾਗ ਤੋਂ NOC ਲੈ ਕੇ ਕਾਉਂਸਲਿੰਗ ਸਮੇਂ ਪੇਸ਼ ਕਰਨਾ ਪਵੇਗਾ।

2. ਜਿਨ੍ਹਾਂ ਉਮੀਦਵਾਰਾਂ ਵਲੋਂ ਇਸ਼ਤਿਹਾਰ ਨੰ. 05 ਆਫ 2023 ਅਧੀਨ ਤਕਨੀਕੀ ਸਹਾਇਕ ਦੀਆਂ 02 ਅਸਾਮੀਆਂ ਲਈ ਅਪਲਾਈ ਕੀਤਾ ਗਿਆ ਸੀ, ਉਨ੍ਹਾਂ ਉਮੀਦਵਾਰਾਂ ਦੀ ਉਮਰ ਸੀਮਾਂ ਉਸੇ ਇਸ਼ਤਿਹਾਰ ਵਿੱਚ ਦਰਸਾਈ ਮਿਤੀ ਅਨੁਸਾਰ ਮੰਨੀ ਜਾਵੇਗੀ ਭਾਵ 05 ਆਫ 2023 ਲਈ 01.01.2023 ਹੀ ਮੰਨੀ ਜਾਵੇਗੀ ਅਤੇ ਪ੍ਰੀਖਿਆ ਫੀਸ ਦੀ ਅਦਾਇਗੀ ਤੋਂ ਵੀ ਛੋਟ ਹੋਵੇਗੀ।

**3.** ਜਿਨ੍ਹਾਂ ਉਮੀਦਵਾਰਾਂ ਵੱਲੋਂ ਪਹਿਲਾਂ ਉਕਤ ਦਰਸਾਏ ਇਸ਼ਤਿਹਾਰ ਵਿੱਚ ਅਪਲਾਈ ਕੀਤਾ ਗਿਆ ਸੀ, ਪ੍ਰੰਤੂ ਉਮਰ ਸੀਮਾਂ ਘੱਟ ਹੋਣ ਕਰਕੇ ਉਹ ਯੋਗ ਨਹੀਂ ਸਨ, ਹੁਣ ਉਨ੍ਹਾਂ ਨੂੰ ਫੀਸ ਸਬੰਧੀ ਕੋਈ ਛੋਟ ਨਹੀਂ ਦਿੱਤੀ ਜਾਵੇਗੀ।

**6. ਫੀਸ ਦਾ ਵੇਰਵਾ:**

| | | |
|---|---|---|
| ਆਮ ਵਰਗ (General Category) | - | 1000/- ਰੁਪਏ |
| ਐਸ.ਸੀ.(S.C) | - | 250/- ਰੁਪਏ |

ਨੋਟ:- **ਉਮੀਦਵਾਰਾਂ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਏਗੀ।**

7. **ਚੋਣ ਵਿਧੀ:**

i. ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਉਮੀਦਵਾਰਾਂ ਦੀ ਚੋਣ ਕਰਨ ਲਈ Objective type (Multiple Choice Questions) ਲਿਖਤੀ ਪ੍ਰੀਖਿਆ ਹੋਵੇਗੀ।

ii. ਲਿਖਤੀ ਪ੍ਰੀਖਿਆ ਦਾ ਸਿਲੇਬਸ/ਪੈਟਰਨ ਬਾਅਦ ਵਿੱਚ ਵੈੱਬਸਾਈਟ ਤੇ ਅਪਲੋਡ ਕੀਤਾ ਜਾਏਗਾ।

iii. ਉਮੀਦਵਾਰਾਂ ਨੂੰ ਲਿਖਤੀ ਪ੍ਰੀਖਿਆ ਲਈ ਬੋਰਡ ਦੀ ਵੈੱਬਸਾਈਟ ਤੇ ਹੀ Online Admit Card ਜਾਰੀ ਕੀਤੇ ਜਾਣਗੇ, ਸੋ ਉਮੀਦਵਾਰ ਬੋਰਡ ਦੀ ਵੈਬਸਾਈਟ ਲਗਾਤਾਰ ਚੈੱਕ ਕਰਦੇ ਰਹਿਣ।

iv. ਉਮੀਦਵਾਰਾਂ ਦੀ ਮੈਰਿਟ ਸੂਚੀ (Merit List) ਲਿਖਤੀ ਪ੍ਰੀਖਿਆ ਵਿੱਚ ਪ੍ਰਾਪਤ ਅੰਕਾਂ ਦੇ ਆਧਾਰ ਤੇ ਤਿਆਰ ਕੀਤੀ ਜਾਏਗੀ।

v. ਜੇਕਰ ਦੋ ਜਾਂ ਦੋ ਤੋਂ ਵੱਧ ਉਮੀਦਵਾਰਾਂ ਦੀ ਲਿਖਤੀ ਪ੍ਰੀਖਿਆ ਦੀ ਮੈਰਿਟ ਦੀ ਬਾਰਬਰਤਾ ਸਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਲ ਉਮੀਦਵਾਰਾਂ ਵਿੱਚੋਂ ਜਿਹੜਾ ਉਮੀਦਵਾਰ ਵਿੱਦਿਅਕ ਯੋਗਤਾ ਵਿੱਚ ਦਰਸਾਏ ਅਨੁਸਾਰ ਲੋੜੀਂਦਾ ਤਜ਼ਰਬਾ ਪੂਰਾ ਹੋਵੇਗਾ, ਉਸਨੂੰ ਤਰਜੀਹ ਦਿੱਤੀ ਜਾਵੇਗੀ। ਜੇਕਰ ਤਜ਼ਰਬੇ ਵਿੱਚ ਬਰਾਬਰਤਾ ਪਾਈ ਜਾਂਦੀ ਹੈ ਤਾਂ ਉਮੀਦਵਾਰ ਦੀ ਜਨਮ ਮਿਤੀ ਨੂੰ ਵਿਚਾਰਦੇ ਹੋਏ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਜੇਕਰ ਜਨਮ ਮਿਤੀ ਅਨੁਸਾਰ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਉਪਰੰਤ ਅਸਾਮੀ ਲਈ ਲੋੜੀਂਦੀ ਵਿਦਿਅਕ ਯੋਗਤਾ ਦੀ ਅੰਕ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਲ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਜੇਕਰ ਇਸ ਉਪਰੰਤ ਵੀ ਅੰਕਾਂ ਦੀ ਬਰਾਬਰਤਾ ਦਾ ਮਾਮਲਾ ਨਹੀਂ ਸੁਲਝਦਾ ਹੈ ਤਾਂ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਵੱਧ ਮੈਟ੍ਰਿਕ ਅੰਕ ਹਾਸਲ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਏਗੀ। ਇਸ ਵਿਧੀ ਅਨੁਸਾਰ ਮੈਰਿਟ ਦੀ ਬਰਾਬਰਤਾ ਦੇ ਮਾਮਲੇ ਵਿੱਚ ਅਧੀਨ ਸੇਵਾਵਾਂ ਚੋਣ ਬੋਰਡ ਦੁਆਰਾ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ ਅਤੇ ਇਹ ਸਭ ਉਮੀਦਵਾਰਾਂ ਤੇ ਲਾਗੂ ਹੋਵੇਗਾ।

vi. ਉਮੀਦਵਾਰਾਂ ਦੇ ਹਰ ਤਰ੍ਹਾਂ ਦੇ ਦਸਤਾਵੇਜਾਂ ਦੀ ਪੜਤਾਲ/ਵੈਰੀਫਿਕੇਸ਼ਨ ਕਰਨ ਲਈ ਮੈਰਿਟ ਸੂਚੀ ਦੇ ਆਧਾਰ ਤੇ ਉਮੀਦਵਾਰਾਂ ਨੂੰ ਕਾਉਂਸਲਿੰਗ ਲਈ ਬੁਲਾਇਆ ਜਾਏਗਾ। ਕਾਉਂਸਲਿੰਗ ਲਈ ਬੁਲਾਏ ਜਾਣ ਵਾਲੇ ਉਮੀਦਵਾਰਾਂ ਦੀ ਗਿਣਤੀ ਦਾ ਫੈਸਲਾ ਬੋਰਡ ਜਾਂ ਬੋਰਡ ਦੀ ਸਮਰੱਥ ਅਥਾਰਟੀ/ਅਧਿਕਾਰੀ ਵੱਲੋਂ ਸ਼੍ਰੇਣੀ ਵਾਈਜ ਅਸਾਮੀਆਂ ਦੀ ਗਿਣਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਲਿਆ ਜਾਏਗਾ। ਇਸ ਉਪਰੰਤ ਕਾਉਂਸਲਿੰਗ ਮੁਕੰਮਲ ਤੌਰ ਤੇ ਸਫਲ/ਯੋਗ ਪਾਏ ਗਏ ਉਮੀਦਵਾਰਾਂ ਦੇ ਨਾਮ ਅਸਾਮੀਆਂ ਦੀ ਉਸ ਸਮੇਂ ਦੀ ਮੌਜੂਦਾ ਗਿਣਤੀ (ਜੋ ਕਿ ਸਬੰਧਤ ਵਿਭਾਗ ਦੇ ਹੁਕਮਾਂ/ਹਦਾਇਤਾਂ ਅਨੁਸਾਰ ਭਰਤੀ ਪ੍ਰਕੀਰਿਆ ਦੌਰਾਨ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾ ਸਕਦੀ ਹੈ) ਅਨੁਸਾਰ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤੇ ਜਾਣਗੇ।

vii. ਆਨਲਾਈਨ ਅਪਲਾਈ ਕਰਨ ਜਾਂ ਲਿਖਤੀ ਪੇਪਰ ਵਿੱਚ ਅਪੀਅਰ ਹੋਣ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਉਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਅਸਾਮੀ ਲਈ ਸਿਫਾਰਸ਼ ਹੋਣ ਦਾ ਅਧਿਕਾਰੀ ਨਹੀਂ ਬਣ ਜਾਵੇਗਾ। ਅਸਾਮੀਆਂ ਲਈ ਹਰ ਪੱਖੋਂ ਉਮੀਦਵਾਰ ਦੀ ਯੋਗਤਾ ਸਿੱਧ ਹੋਣ ਉਪਰੰਤ ਹੀ ਲਿਖਤੀ ਪ੍ਰੀਖਿਆ ਦੀ ਮੈਰਿਟ ਦੇ ਆਧਾਰ ਤੇ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਏਗਾ। ਉਮੀਦਵਾਰ ਵੱਲੋਂ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਸਦੀ

ਪਾਤਰਤਾ ਰੱਦ ਕਰ ਦਿੱਤੀ ਜਾਏਗੀ ਅਤੇ ਇਸ ਸਬੰਧੀ ਬੋਰਡ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।

viii. ਲਿਖਤੀ ਪ੍ਰਿਖਿਆ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦਾ ਸਮਾਂ, ਪ੍ਰੀਖਿਆ ਕੇਂਦਰ, Admit Card, ਨਤੀਜਾ, ਮੈਰਿਟ ਸੂਚੀ ਅਤੇ ਭਰਤੀ ਪ੍ਰਕੀਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹੋਰ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਹੀ ਅਪਲੋਡ (upload) ਕੀਤੀ ਜਾਏਗੀ। ਇਸ ਸਬੰਧੀ ਉਮੀਦਵਾਰਾਂ ਨੂੰ ਵਿਅਕਤੀਗਤ ਤੌਰ ਤੇ ਕੋਈ ਵੀ ਪੱਤਰ-ਵਿਹਾਰ/ਸੂਚਨਾ ਨਹੀਂ ਭੇਜੀ ਜਾਏਗੀ। ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁੰਕਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਲਗਾਤਾਰ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਏਗਾ।

ix. ਕਾਉਂਸਲਿੰਗ ਲਈ ਬੁਲਾਏ ਗਏ ਉਮੀਦਵਾਰਾਂ ਨੂੰ ਉਨ੍ਹਾਂ ਦੀ ਯੋਗਤਾ/ਪਾਤਰਤਾ ਦੇ ਆਧਾਰ ਤੇ ਬਿਨੈ ਕਰਨ ਵਾਲੀ ਸ਼੍ਰੇਣੀ/ਅਸਾਮੀ ਕੋਡ ਵਿੱਚ ਹੀ ਵਿਚਾਰਿਆ ਜਾਵੇਗਾ।

**8. ਇਸ਼ਤਿਹਾਰ ਨੰ. 05 ਆਫ 2023 ਵਿੱਚ ਪਹਿਲਾਂ ਤੋਂ ਆਨਲਾਈਨ ਅਪਲਾਈ ਕਰਨ ਵਾਲੇ ਉਮੀਦਵਾਰਾਂ ਸਬੰਧੀ ਗਾਈਡਲਾਈਨਜ਼:-**

ਜਿਨ੍ਹਾਂ ਉਮੀਦਵਾਰਾਂ ਨੇ ਪਹਿਲਾਂ ਹੀ ਇਸ਼ਤਿਹਾਰ ਨੰ. **05** ਆਫ **2023 ਅਧੀਨ ਤਕਨੀਕੀ ਸਹਾਇਕ ਦੀਆਂ** 02 ਅਸਾਮੀਆਂ ਵਿੱਚ ਆਨਲਾਈਨ ਬਿਨੈ**-**ਫਾਰਮ **submit** ਕੀਤਾ ਹੋਇਆ ਹੈ ਅਤੇ **ਪ੍ਰੀਖਿਆ** ਫੀਸ ਦਾ ਭੁਗਤਾਨ ਵੀ ਕੀਤਾ ਹੈ, ਉਨ੍ਹਾਂ ਉਮੀਦਵਾਰਾਂ ਨੂੰ ਹੇਠ ਦਰਸਾਈਆਂ ਹਦਾਇਤਾਂ ਅਨੁਸਾਰ ਮੁੜ ਆਪਣਾ ਆਨਲਾਈਨ ਐਲੀਕਸ਼ੇਨ ਫਾਰਮ submit ਕਰਨਾ ਹੋਵੇਗਾ**:-**

(i) ਉਮੀਦਵਾਰ ਨੂੰ ਪਹਿਲਾਂ ਦਿੱਤੇ ਯੂਜ਼ਰ ਆਈ.ਡੀ. ਅਤੇ ਪਾਸਵਰਡ ਨਾਲ **login** ਕਰਨਗੇ (ਦੁਬਾਰਾ ਰਜਿਸਟਰ ਕਰਨ ਦੀ ਕੋਈ ਲੋੜ ਨਹੀਂ ਹੈ)।

(ii) ਉਮੀਦਵਾਰਾਂ ਵੱਲੋਂ ਪਹਿਲਾਂ ਦਾਖਲ ਕੀਤੇ ਗਏ ਵੇਰਵਿਆਂ ਅਨੁਸਾਰ ਅਪਡੇਟ ਕੀਤੀ ਜਾਣ ਵਾਲੀ ਜਾਣਕਾਰੀ **display** ਹੋਵੇਗੀ ਅਤੇ ਉਮੀਦਵਾਰ ਫਾਰਮ ਨੂੰ ਬਿਨ੍ਹਾਂ ਫੀਸ ਅਦਾ ਕੀਤੇ ਸਬਮਿਟ ਕਰਨਗੇ। ਜਿਹੜੇ ਉਮੀਦਵਾਰਾਂ ਵੱਲੋਂ ਇਹ ਫਾਰਮ ਸਬਮਿਟ ਨਹੀਂ ਕੀਤਾ ਜਾਵੇਗਾ, ਉਨ੍ਹਾਂ ਦਾ ਇਸ ਇਸ਼ਤਿਹਾਰ ਰਾਹੀਂ ਪ੍ਰਕਾਸ਼ਿਤ ਆਸਾਮੀਆਂ ਲਈ ਕੋਈ ਕਲੇਮ ਨਹੀਂ ਹੋਵੇਗਾ।

(iii) ਉਮੀਦਵਾਰ ਆਪਣੇ ਆਨਲਾਈਨ ਫਾਰਮ ਵਿੱਚ ਸੋਧ ਕਰ ਸਕਦੇ ਹਨ।

9. **ਅਪਲਾਈ ਕਰਨ ਦੀ ਵਿਧੀ:**

I. ਉਮੀਦਵਾਰ ਬੋਰਡ ਦੀ ਵੈਬਸਾਈਟ https://sssb.punjab.gov.in ਤੇ "Online Applications" ਅਧੀਨ ਮੁਹੱਈਆ ਲਿੰਕ ਤੇ ਕਲਿਕ ਕਰਕੇ **ਮਿਤੀ 01/12/2025 ਤੋਂ 23/12/2025 ਸ਼ਾਮ 5:00 ਵਜ਼ੇ ਤੱਕ** ਕੇਵਲ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਪ੍ਰਾਪਤ ਐਪਲੀਕੇਸ਼ਨ ਸਵੀਕਾਰ ਨਹੀਂ ਕੀਤੀ ਜਾਵੇਗੀ ਅਤੇ ਇਹ ਰੱਦ ਸਮਝੀ ਜਾਵੇਗੀ।

II. ਆਨਲਾਈਨ ਅਪਲਾਈ ਕਰਨ ਦੀਆਂ ਹਦਾਇਤਾਂ (instructions) ਬੋਰਡ ਦੀ ਵੈਬਸਾਈਟ ਤੇ ਮੌਜੂਦ ਇਸ ਭਰਤੀ ਦੇ ਲਿੰਕ ਹੇਠ ਦਰਜ਼ ਹਨ। ਉਮੀਦਵਾਰ ਇਸ ਲਿੰਕ ਤੇ ਕਲਿਕ ਕਰਨ ਉਪਰੰਤ ਇੰਨ੍ਹਾਂ ਹਦਾਇਤਾਂ ਨੂੰ ਧਿਆਨ ਨਾਲ ਪੜ੍ਹ ਕੇ ਹੀ ਹਰ ਇੱਕ Step ਨੂੰ ਸਫਲਤਾਪੂਰਵਕ ਮੁਕੰਮਲ ਕਰਨ।

III. ਉਮੀਦਵਾਰ ਅਸਾਮੀ ਦੀ ਚੋਣ ਕਰਨ ਉਪਰੰਤ ਸਭ ਤੋਂ ਪਹਿਲਾਂ ਨਿੱਜੀ ਅਤੇ ਵਿਦਿਅਕ ਜਾਣਕਾਰੀ ਭਰਕੇ ਰਜਿਸਟਰੇਸ਼ਨ ਕਰਨਗੇ। ਰਜਿਸਟਰੇਸ਼ਨ ਸਫਲ ਹੋਣ ਉਪਰੰਤ Username generate ਹੋ ਜਾਏਗਾ, ਜਿਸਦੀ ਵਰਤੋਂ ਕਰਕੇ ਉਮੀਦਵਾਰ ਫਿਰ ਤੋਂ Login ਕਰਕੇ Step-wise ਹਰ ਪੱਖੋਂ ਮੁੰਕਮਲ Application Form ਭਰਨਗੇ ਅਤੇ ਇਸਨੂੰ Submit ਕਰਨਗੇ। ਪ੍ਰੰਤੂ ਇਹ Application Form ਫੀਸ ਦੀ ਸਫਲਤਾਪੂਰਵਕ ਅਦਾਇਗੀ ਹੋਣ ਉਪਰੰਤ ਹੀ ਸਵੀਕਾਰ ਹੋਏਗਾ।

**IV.** ਉਮੀਦਵਾਰ Online Application Form ਭਰਨ ਸਮੇਂ ਆਪਣੀ ਪਾਸਪੋਰਟ ਸਾਈਜ਼ ਫੋਟੋਗਰਾਫ, ਹਸਤਾਖਰ ਅਤੇ ਲੋੜੀਂਦੇ ਵਿਦਿਅਕ ਯੋਗਤਾ ਜਿਵੇਂ ਕਿ ਮੈਟ੍ਰਿਕ ਦਾ ਜਨਮ ਮਿਤੀ ਵਾਲਾ ਸਰਟੀਫਿਕੇਟ, ਬਾਰਵੀਂ ਦਾ ਸਰਟੀਫਿਕੇਟ ਅਤੇ ਡਿਪਲੋਮਾ/ਗਰੈਜੁਏਸ਼ਨ/ਕੋਰਸ ਸਰਟੀਫਿਕੇਟ ਆਦਿ ਸਕੈਨ ਕਰਕੇ ਅਪਲੋਡ ਕਰਨਗੇ। **ਇੰਨ੍ਹਾਂ ਦਸਤਾਵੇਜਾਂ ਦੇ ਅਪਲੋਡ ਹੋਣ ਅਤੇ ਮੁਕੰਮਲ Online Application Form submit ਹੋਣ ਤੋਂ ਬਾਅਦ ਇੱਕ ਦਿਨ ਛੱਡ ਕੇ ਅਗਲੇ ਦਿਨ ਭਾਵ ਫਾਰਮ ਸਬਮਿਟ ਕਰਨ ਤੋਂ ਤੀਸਰੇ ਦਿਨ ਤੋਂ ਹੀ ਫੀਸ ਜਮ੍ਹਾ/ਅਦਾ ਕੀਤੀ ਜਾ ਸਕੇਗੀ।**

V. ਅਪਲਾਈ ਕਰਨ ਦੀ ਲੋੜੀਂਦੀ ਫੀਸ ਜਮ੍ਹਾਂ **ਕਰਵਾਉਣ ਦੀ ਆਖਰੀ ਮਿਤੀ 26/12/2025 ਹੋਵੇਗੀ।** ਫੀਸ ਭਰਨ ਲਈ ਉਮੀਦਵਾਰ ਰਜਿਸਟਰੇਸ਼ਨ ਕਰਨ ਉਪਰੰਤ ਬੋਰਡ ਦੀ ਵੈਬਸਾਈਟ ਤੇ ਮੌਜੂਦ ਭਰਤੀ ਦੇ ਲਿੰਕ ਤੇ ਕਲਿੱਕ ਕਰਕੇ "Upload Photo Sign/Pay Fee/Print Application" ਲਿੰਕ ਤੇ ਕਲਿਕ ਕਰਕੇ Login ਕਰਨਗੇ। **ਬੋਰਡ ਦੀ ਵੈਬਸਾਈਟ ਤੇ Login ਕਰਨ ਲਈ Registration Number ਅਤੇ ਜਨਮ ਮਿਤੀ DD/MM/YYYY ਫਾਰਮੈਟ ਵਿੱਚ ਭਰਨੀ ਹੋਵੇਗੀ। ਆਨਲਾਈਨ ਫੀਸ ਭਰਨ ਲਈ ਬੈਂਕ ਦੀ ਵੈਬਸਾਈਟ ਤੇ LOGIN ਕਰਨ ਲਈ Registration Number ਅਤੇ ਜਨਮ ਮਿਤੀ DDMMYYYY ( ' / ' ਅਤੇ ' - ' ਤੋਂ ਬਿਨਾ) ਫਾਰਮੈਟ ਵਿੱਚ ਭਰਨੀ ਹੋਵੇਗੀ।**

VI. ਉਮੀਦਵਾਰ Online Application Submit ਕਰਨ ਉਪਰੰਤ ਵੈਬਸਾਈਟ ਤੇ ਮੌਜੂਦ "Upload Photo/Sign/Pay Fee/Print Application" ਲਿੰਕ ਤੇ ਕਲਿੱਕ ਕਰਕੇ ਫੀਸ ਦਾ ਭੁਗਤਾਨ ਕਰ ਸਕਣਗੇ। ਉਮੀਦਵਾਰ Online Application Form submit ਜਮ੍ਹਾਂ ਹੋਣ ਦੀ ਮਿਤੀ ਤੋਂ ਬਾਅਦ ਇੱਕ ਦਿਨ ਛੱਡ ਕੇ ਅਗਲੀ ਮਿਤੀ ਤੋਂ ਲੈ ਕੇ **ਫੀਸ ਅਦਾ ਕਰਨ ਦੀ ਆਖਰੀ ਮਿਤੀ 26/12/2025** ਤੱਕ ਕਿਸੇ ਵੀ ਕੰਮ-ਕਾਜ ਵਾਲੇ ਦਿਨ ਸਟੇਟ ਬੈਂਕ ਆਫ ਇੰਡੀਆ (State Bank of India) ਦੀ ਕਿਸੇ ਵੀ ਸ਼ਾਖਾ ਵਿੱਚ ਚਲਾਨ ਰਾਹੀਂ ਜਾਂ ਕਿਸੇ ਵੀ ਦਿਨ Net Banking ਜਾਂ Credit Card ਜਾਂ Debit Card ਜਾਂ UPI ਰਾਹੀਂ ਫੀਸ ਜਮ੍ਹਾ ਕਰਵਾ ਸਕਣਗੇ। ਅਪਲਾਈ ਕਰਨ ਦੀ **ਆਖਰੀ ਮਿਤੀ 23/12/2025 ਨੂੰ ਸ਼ਾਮ 05-00** ਵਜ਼ੇ ਤੋਂ ਤੁਰੰਤ ਬਾਅਦ ਹਰ ਉਮੀਦਵਾਰ ਫੀਸ ਜਮ੍ਹਾ ਕਰਵਾ ਸਕਦਾ ਹੈ। ਇਸ ਸਮੇਂ ਤੋਂ ਬਾਅਦ ਕਿਸੇ ਵੀ ਉਮੀਦਵਾਰ ਨੂੰ ਇੱਕ ਦਿਨ ਛੱਡ ਕੇ ਅਗਲੀ ਮਿਤੀ ਦਾ ਇੰਤਜਾਰ ਕਰਨ ਦੀ ਜਰੂਰਤ ਨਹੀਂ ਹੈ। ਕਿਸੇ ਕਾਰਨ ਫੀਸ ਜਮਾਂ ਨਾ ਹੋਣ ਦੀ ਸੂਰਤ ਵਿੱਚ ਬੋਰਡ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

**VII.** ਉਮੀਦਵਾਰ ਦੁਆਰਾ ਲੋੜੀਂਦੀ ਫੀਸ ਜਮ੍ਹਾ ਕਰਵਾਉਣ ਉਪਰੰਤ ਹੀ Online ਅਪਲਾਈ ਕਰਨ ਦੀ ਪ੍ਰਕਿਰਿਆ ਮੁਕੰਮਲ ਹੋ ਸਕੇਗੀ ਅਤੇ Online Application Form ਸਵੀਕਾਰ ਹੋਏਗਾ। **ਇਸ ਉਪਰੰਤ ਹੀ ਫੀਸ ਅਦਾ ਕਰਨ ਦੀ ਮਿਤੀ ਤੋਂ ਬਾਅਦ ਇੱਕ ਦਿਨ ਛੱਡ ਕੇ ਅਗਲੀ ਮਿਤੀ ਤੋਂ Online Application Form Generate/Download ਹੋ ਸਕੇਗਾ। ਉਮੀਦਵਾਰ ਇਸ ਫਾਰਮ ਦਾ ਪ੍ਰਿੰਟ ਲੈ ਕੇ ਭਵਿੱਖ ਲਈ ਸੰਭਾਲ ਕੇ ਰੱਖਣ ਲਈ ਜਿੰਮੇਵਾਰ ਹੋਣਗੇ।**

VIII. ਜੇਕਰ ਉਮੀਦਵਾਰ ਵੱਲੋਂ ਆਨਲਾਈਨ ਫਾਰਮ ਭਰਨ ਸਮੇਂ ਕੋਈ ਗਲਤੀ ਹੋ ਜਾਂਦੀ ਹੈ ਤਾਂ ਸਿਰਫ Application form online submit ਕਰਨ ਤੋਂ ਪਹਿਲਾਂ ਹੀ ਉਸ ਪਾਸ ਫਾਰਮ ਵਿੱਚ ਸੋਧ ਕਰਨ ਦਾ ਮੌਕਾ ਹੋਵੇਗਾ। ਉਮੀਦਵਾਰ ਦੁਆਰਾ ਇੱਕ ਵਾਰ Application Form ਸਬਮਿਟ ਕਰਨ ਉਪਰੰਤ ਕਿਸੇ ਵੀ ਹਾਲਤ ਵਿੱਚ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕੇਗੀ ਅਤੇ ਨਾ ਹੀ ਭਵਿੱਖ ਵਿੱਚ ਸੋਧ ਕਰਨ ਸਬੰਧੀ ਉਮੀਦਵਾਰ ਦੀ ਕੋਈ ਪ੍ਰਤੀਬੇਨਤੀ/ਮੰਗ ਦਫਤਰ ਵੱਲੋਂ ਸਵੀਕਾਰ ਕੀਤੀ ਜਾਏਗੀ।

IX. ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਦੀ ਅਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

X. ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਏਗਾ।

XI. Challan/Net Banking/Credit Card/Debit Card/UPI ਰਾਹੀਂ ਅਦਾ ਕੀਤੀ ਗਈ ਫੀਸ ਦੀ Transaction ਕਿਸੇ ਵੀ ਕਾਰਨ ਕਰਕੇ ਅਸਫਲ ਹੋਣ ਦੀ ਸਥਿਤੀ ਵਿੱਚ ਉਮੀਦਵਾਰ ਦੀ Application ਜਮ੍ਹਾਂ ਨਹੀਂ ਹੋਈ ਮੰਨੀ ਜਾਵੇਗੀ ਅਤੇ ਇੱਕ ਵਾਰ ਅਦਾ ਕੀਤੀ ਫੀਸ ਨਾ-ਮੋੜਨਯੋਗ ਹੋਵੇਗੀ।

**10. ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ:**

ਹੇਠ ਦਰਸਾਈ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ:-

(i) ਪੂਰੀ ਫੀਸ ਪ੍ਰਾਪਤ ਨਾ ਹੋਣ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣ ਜਾਂ ਕਿਸੇ ਵੀ ਕਾਰਨ ਫੀਸ ਪ੍ਰਾਪਤ ਨਾ ਹੋਣ ਦੀ ਸਥਿਤੀ ਵਿੱਚ ਪਾਤਰਤਾ ਰੱਦ ਸਮਝੀ ਜਾਏਗੀ;

(ii) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ;

(iii) ਆਨਲਾਈਨ ਬਿਨੈ ਕਰਨ ਦੀ ਪੂਰੀ ਪ੍ਰਕਿਰਿਆ ਮੁਕੰਮਲ ਨਾ ਕਰਨਾ;

(iv) ਅਧੀਨ ਸੇਵਾਵਾਂ ਚੋਣ ਬੋਰਡ ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ;

(v) ਲੋੜੀਂਦੀ ਵਿੱਦਿਅਕ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀ ਕੋਈ ਹੋਰ ਸ਼ਰਤ ਪੂਰੀ ਨਾ ਹੋਣਾ;

(vi) ਆਨਲਾਈਨ ਬਿਨੈ ਕਰਨ ਦੀ ਪ੍ਰਕਿਰਿਆ ਦੀ ਥਾਂ ਕਿਸੇ ਹੋਰ ਪ੍ਰਕਿਰਿਆ ਰਾਹੀਂ ਬਿਨੈ ਕਰਨਾ;

(vii) ਲਿਖਤੀ ਪ੍ਰੀਖਿਆ ਵਿੱਚ ਫੇਲ/ਅਯੋਗ ਹੋਣ ਦੀ ਸਥਿਤੀ ਵਿੱਚ।

(viii) ਬੋਰਡ ਵੱਲੋਂ ਆਯੋਜਿਤ ਕਾਉਂਸਲਿੰਗ ਵਿੱਚ ਗੈਰ-ਹਾਜ਼ਰ ਰਹਿਣ ਦੀ ਸਥਿਤੀ ਵਿੱਚ।

**11. ਬਿਨੈਕਾਰਾਂ ਦੇ ਧਿਆਨ ਹਿੱਤ ਅਤਿ ਜ਼ਰੂਰੀ ਹਦਾਇਤਾਂ:**

(i) ਉਮੀਦਵਾਰਾਂ ਵੱਲੋਂ ਹਾਸਲ ਕੀਤਾ ਗਿਆ ਡਿਗਰੀ/ਡਿਪਲੋਮਾ/ਕੋਰਸ ਸਰਟੀਫਿਕੇਟ ਸਬੰਧਤ ਬੋਰਡ/ਸੰਸਥਾ/ਯੂਨੀਵਰਸਿਟੀ ਵੱਲੋਂ ਸਮੇਂ-ਸਮੇਂ ਤੇ ਜਾਰੀ guidelines/instructions ਅਨੁਸਾਰ ਅਤੇ ਮਾਨਤਾ ਪ੍ਰਾਪਤ ਬੋਰਡ/ਸੰਸਥਾ/ਯੂਨੀਵਰਸਿਟੀ ਤੋਂ ਜਾਰੀ ਕੀਤਾ ਹੋਣਾ ਲਾਜ਼ਮੀ ਹੈ।

(ii) ਉਪਰੋਕਤ ਦਰਸਾਈਆਂ ਅਸਾਮੀਆਂ ਲਈ Punjab Civil Services (General and Common Conditions of Service) Rules, 1994 ਵਿੱਚ ਕੀਤੇ ਉਪਬੰਧ ਅਨੁਸਾਰ ਦਸਵੀਂ ਪੱਧਰ ਦੀ ਪੰਜਾਬੀ ਜਾਂ ਇਸਦੇ ਬਰਾਬਰ ਦੀ ਯੋਗਤਾ ਪਾਸ ਕੀਤੀ ਹੋਵੇ।

(iii) ਮੁੱਢਲੀ ਤਨਖਾਹ ਅਤੇ ਹੋਰ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ), ਪੰਜਾਬ ਸਰਕਾਰ ਦਾ ਪੱਤਰ ਨੰ. 7/204/2012-4ਐਫ.ਪੀ.1/66 ਮਿਤੀ 15.01.2015 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।

(iv) ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਬੋਰਡ ਵੱਲੋਂ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾਂ ਸ਼੍ਰੇਣੀ ਵਿੱਚ ਤਬਦੀਲੀ ਕੀਤੀ ਜਾ ਸਕਦੀ ਹੈ।

(v) ਇਨ੍ਹਾਂ ਅਸਾਮੀਆਂ ਦੀ ਸ਼੍ਰੇਣੀ ਵਾਈਜ਼ ਵੰਡ ਅਤੇ ਰਾਖਵਾਂਕਰਨ ਉਪਰੋਕਤ ਦਰਸਾਏ ਸਬੰਧਤ ਵਿਭਾਗ ਵੱਲੋਂ ਨਿਰਧਾਰਤ ਕੀਤਾ ਗਿਆ ਹੈ। ਇਨ੍ਹਾਂ ਅਸਾਮੀਆਂ ਲਈ ਹਰ ਸ਼੍ਰੇਣੀ ਲਈ ਰਾਖਵਾਂਕਰਨ ਸਬੰਧਤ ਵਿਭਾਗ/ਪੰਜਾਬ ਸਰਕਾਰ ਦੀਆਂ ਰਾਖਵਾਂਕਰਨ ਸਬੰਧੀ ਨੀਤੀ/ਹਦਾਇਤਾਂ/ਨਿਯਮਾਂ ਅਨੁਸਾਰ ਲਾਗੂ ਹੋਵੇਗਾ।

(vi) ਇਨ੍ਹਾਂ ਅਸਾਮੀਆਂ ਲਈ ਉਮੀਦਵਾਰ ਕੇਵਲ ਬੋਰਡ ਦੀ ਵੈੱਬਸਾਈਟ *https://sssb.punjab.gov.in* ਤੇ ਹੀ ਆਨਲਾਈਨ ਅਪਲਾਈ ਕਰ ਸਕਦੇ ਹਨ। ਇਸ ਤੋਂ ਬਿਨ੍ਹਾਂ ਕਿਸੇ ਵੀ ਵਿਧੀ ਰਾਹੀਂ ਭੇਜੀ ਗਈ ਅਰਜੀ ਰੱਦ ਸਮਝੀ ਜਾਵੇਗੀ।

(vii) ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜ਼ਿੰਮੇਵਾਰ ਹੋਵੇਗਾ। ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਇਸ ਸਬੰਧੀ ਕੋਈ ਜ਼ਿੰਮੇਵਾਰੀ ਨਹੀਂ ਹੋਵਗੀ ਅਤੇ ਨਾ ਹੀ ਕਿਸੇ ਵੀ ਕਾਲਮ ਵਿੱਚ ਸੋਧ ਕੀਤੀ ਜਾਵੇਗੀ। ਉਮੀਦਵਾਰ ਵਲੋਂ ਇੱਕ ਵਾਰ ਭਰਿਆ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(viii) ਉਮੀਦਵਾਰ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਵੱਲੋਂ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਲੈਣ ਦੀ ਸਥਿਤੀ ਵਿੱਚ ਕੋਈ ਵੀ ਗਲਤੀ ਹੋ ਜਾਣ ਉਪਰੰਤ ਕਿਸੇ ਵੀ ਹਾਲਤ ਵਿੱਚ ਫਾਰਮ ਦੇ ਕਿਸੇ ਵੀ ਕਾਲਮ ਵਿੱਚ ਸੋਧ ਨਹੀਂ ਕੀਤੀ ਜਾਵੇਗੀ।

(ix) ਉਮੀਦਵਾਰ ਵੱਲੋਂ ਅਧੂਰਾ ਫਾਰਮ ਭਰਨ ਜਾਂ ਆਨਲਾਈਨ ਬਿਨੈ ਕਰਨ ਦੀ ਪ੍ਰੀਕਿਰਿਆ ਪੂਰੀ ਨਾ ਕਰਨ ਜਾਂ ਪੂਰੀ ਫੀਸ ਨਾ ਭਰ ਸਕਣ ਜਾਂ ਲੋੜੀਂਦੇ ਦਸਤਾਵੇਜ਼ ਅਪਲੋਡ ਨਾ ਕਰਨ ਦੀ ਸਥਿਤੀ ਵਿੱਚ ਉਸਦਾ ਬਿਨੈ-ਪੱਤਰ ਸਵੀਕਾਰ ਨਹੀਂ ਕੀਤਾ ਜਾਵੇਗਾ ਅਤੇ ਉਸਨੂੰ ਇਨ੍ਹਾਂ ਅਸਾਮੀਆਂ ਲਈ ਉਮੀਦਵਾਰ ਨਹੀਂ ਮੰਨਿਆ ਜਾਵੇਗਾ।

(x) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਦਰਸਾਈਆਂ ਹਦਾਇਤਾਂ ਮੁਤਾਬਕ ਲੋੜੀਂਦੇ ਸਰਟੀਫਿਕੇਟ ਸਕੈਨ ਕਰਕੇ ਵੈੱਬਸਾਈਟ ਤੇ ਨਾਲ ਹੀ ਅਪਲੋਡ ਕਰਨਗੇ।

(xi) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਲਿਖਤੀ ਪ੍ਰਿਖਿਆ ਦਾ ਸ਼ਡਿਊਲ/ਮਿਤੀ, Admit Card, ਨਤੀਜਾ, Merit List, ਕਾਉਂਸਲਿੰਗ ਅਤੇ ਹੋਰ ਮਹੱਤਵਪੂਰਨ ਮਿਤੀਆਂ ਅਤੇ ਭਰਤੀ ਪ੍ਰਕਿਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹਰ ਤਰ੍ਹਾਂ ਦੀ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਵੇਗੀ। ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਤੌਰ ਤੇ ਕੋਈ ਸੂਚਨਾ ਨਹੀਂ ਭੇਜੀ ਜਾਵੇਗੀ। ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁਕੰਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਲਗਾਤਾਰ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰਾਂ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਵੇਗਾ।

(xii) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਧਿਆਨ ਨਾਲ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(xiii) ਵੱਖ-ਵੱਖ ਵਰਗਾਂ/ਸ਼੍ਰੇਣੀਆਂ ਦੀਆਂ ਅਸਾਮੀਆਂ ਉਸ ਵਰਗ/ਸ਼੍ਰੇਣੀ ਵਿੱਚ ਅਸਾਮੀਆਂ ਦੀ ਉਪਲੱਬਤਾ ਅਨੁਸਾਰ ਭਰੀਆਂ ਜਾਣਗੀਆਂ।

(xiv) ਆਨਲਾਈਨ ਅਪਲਾਈ ਕਰਨ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਉਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਅਸਾਮੀ ਲਈ ਸਿਫਾਰਸ਼ ਹੋਣ ਦਾ ਅਧਿਕਾਰ ਨਹੀਂ ਬਣ ਜਾਵੇਗਾ। ਲਿਖਤੀ ਪ੍ਰੀਖਿਆ ਪਾਸ ਕਰਨ ਅਤੇ ਅਸਾਮੀ ਲਈ ਹਰ ਲੋੜੀਂਦੀ ਯੋਗਤਾ ਪੂਰੀ ਕਰਨ ਤੇ ਅਸਾਮੀਆਂ ਦੀ ਉਪਲੱਬਧਤਾ ਮੁਤਾਬਿਕ ਹੀ ਉਮੀਦਵਾਰ ਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਵੇਗਾ। ਤੈਅ ਸਮੇਂ-ਸੀਮਾ ਅੰਦਰ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਮੀਦਵਾਰ ਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ ਅਤੇ ਇਸ ਸਬੰਧੀ ਬੋਰਡ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।

(xv) ਉਮੀਦਵਾਰ ਵੱਲੋਂ ਭਰਤੀ ਦੀ ਕਿਸੇ ਵੀ ਸਟੇਜ ਤੇ ਉਪਲਬਧ ਕਰਵਾਏ ਗਏ ਕਿਸੇ ਵੀ ਦਸਤਾਵੇਜ ਦੇ ਗਲਤ ਸਾਬਤ ਹੋਣ ਤੇ ਉਸਦਾ ਨਾਮ ਮੈਰਿਟ ਸੂਚੀ ਵਿੱਚੋਂ ਕੱਢ ਦਿੱਤਾ ਜਾਵੇਗਾ ਅਤੇ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ। ਅਜਿਹੇ ਉਮੀਦਵਾਰ ਵਿਰੁੱਧ ਨਿਯਮਾਂ ਅਨੁਸਾਰ ਕਾਨੂੰਨੀ ਕਾਰਵਾਈ ਵੀ ਆਰੰਭੀ ਜਾ ਸਕਦੀ ਹੈ।

(xvi) ਉਮੀਦਵਾਰ ਇਹ ਵੀ ਤਸਦੀਕ ਕਰਨਗੇ ਕਿ ਉਹ ਉਪਰੋਕਤ ਅਸਾਮੀਆਂ ਸਬੰਧੀ ਲੋੜੀਂਦੀ ਯੋਗਤਾ ਅਤੇ ਨਿਰਧਾਰਤ ਸ਼ਰਤਾਂ ਪੂਰੀਆਂ ਕਰਦਾ ਹੈ। ਉਮੀਦਵਾਰ ਵੱਲੋਂ ਕਾਉਂਸਲਿੰਗ ਸਮੇਂ ਅਸਲ ਦਸਤਾਵੇਜ ਦੇ ਆਧਾਰ ਤੇ ਉਮਰ, ਵਿੱਦਿਅਕ ਯੋਗਤਾ ਅਤੇ ਲੋੜੀਂਦੇ ਦਸਤਾਵੇਜ ਸਬੰਧੀ ਤਸਦੀਕ ਕਰਨੀ ਹੋਵੇਗੀ ਅਤੇ ਆਪਣੇ ਰਾਖਵਾਂਕਰਨ ਦੇ ਸਰਟੀਫਿਕੇਟ ਵੀ ਪੇਸ਼ ਕਰਨੇ ਹੋਣਗੇ। ਇਨ੍ਹਾਂ ਦਸਤਾਵੇਜਾਂ ਦੇ ਹਰ ਪੱਖੋਂ ਸਹੀ ਸਿੱਧ ਹੋਣ ਅਤੇ ਲੋੜੀਂਦੀਆਂ ਸ਼ਰਤਾਂ/ਯੋਗਤਾਵਾਂ ਪੂਰੀਆਂ ਕਰਨ, ਉਸਦੀ ਪਾਤਰਤਾ ਸਿੱਧ ਹੋਣ ਅਤੇ ਅਸਾਮੀਆਂ ਦੀ ਉਪਲਬਧਤਾ ਹੋਣ ਦੀ ਸਥਿਤੀ ਵਿੱਚ ਹੀ ਉਮੀਦਵਾਰ ਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਵੇਗਾ।

(xvii) ਉਮੀਦਵਾਰ ਕਾਉਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ ਅਤੇ ਤਕਨੀਕੀ ਯੋਗਤਾ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ। ਇਹ ਸਾਰੇ ਦਸਤਾਵੇਜ਼ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾਂ ਦੇ ਹੋਣੇ ਚਾਹੀਦੇ ਹਨ। ਕਾਉਂਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ ਅਸਾਮੀਆਂ ਲਈ ਨਹੀਂ ਵਿਚਾਰਿਆ ਜਾਵੇਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਾਵੇਗਾ।

(xviii) ਲਿਖਤੀ ਪ੍ਰੀਖਿਆ/ਕਾਉਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਵੇਗਾ।

(xix) ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਬੋਰਡ/ਬੈਂਕ ਦੁਆਰਾ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਵੇਗੀ।

(xx) ਇਸ ਭਰਤੀ ਸਬੰਧੀ ਬੋਰਡ ਦੁਆਰਾ ਭਵਿੱਖ ਵਿੱਚ ਜਾਰੀ ਕੀਤੀ ਕੋਈ ਵੀ ਸੋਧ/ਨੋਟਿਸ/Corrigendum ਜਾਂ ਪੰਜਾਬ ਸਰਕਾਰ ਦੁਆਰਾ ਸਮੇਂ-ਸਮੇਂ ਤੇ ਜਾਰੀ ਹਦਾਇਤਾਂ/ਨਿਯਮ ਇਸ ਭਰਤੀ ਤੇ ਲਾਗੂ ਹੋਣਗੇ ਅਤੇ ਉਮੀਦਵਾਰ ਇਸਦੀ ਪਾਲਣਾ ਕਰਨੀ ਯਕੀਨੀ ਬਣਾਉਣਗੇ।

(xxi) ਇਸ ਭਰਤੀ ਸਬੰਧੀ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਅਧਿਕਾਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਪਾਸ ਰਾਖਵਾਂ ਹੋਵੇਗਾ ਅਤੇ ਕਿਸੇ ਵੀ ਮਾਮਲੇ/ਵਿਸ਼ੇ ਸਬੰਧੀ ਬੋਰਡ ਜਾਂ ਬੋਰਡ ਦੁਆਰਾ ਗਠਿਤ ਕੀਤੀ ਕਮੇਟੀ ਦਾ ਫੈਸਲਾ ਅੰਤਿਮ ਅਤੇ ਸਾਰੇ ਉਮੀਦਵਾਰਾਂ ਤੇ ਲਾਗੂ ਹੋਵੇਗਾ।

(xxii) ਉਪਰੋਕਤ ਦਰਸਾਈਆਂ ਅਸਾਮੀਆਂ ਦੀਆਂ ਸ਼ਰਤਾਂ/ਨਿਯਮ/ਰਾਖਵਾਂਕਰਨ ਸਬੰਧਤ ਵਿਭਾਗ ਦੁਆਰਾ ਮੁਹੱਈਆ ਕਰਵਾਈ ਗਈ ਸੂਚਨਾ/ਜਾਣਕਾਰੀ ਤੇ ਅਧਾਰਿਤ ਹਨ। ਇਸ ਸਬੰਧੀ ਹਰ ਤਰ੍ਹਾਂ ਦੀ ਜਿੰਮੇਵਾਰੀ ਸਬੰਧਤ ਵਿਭਾਗ ਦੀ ਹੋਵੇਗੀ।

(xxiii) ਇਨ੍ਹਾਂ ਅਸਾਮੀਆਂ ਲਈ ਆਨਲਾਈਨ ਬਿਨੈ (Online Apply) ਕਰਨ ਸਬੰਧੀ ਕੋਈ ਮੁਸ਼ਕਲ/ਔਕੜ (Technical issue) ਆਉਣ ਤੇ email ਰਾਹੀਂ helpsssb.pb@gmail.com ਤੇ ਸੰਪਰਕ ਕੀਤਾ ਜਾ ਸਕਦਾ ਹੈ।

(xxiv) ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ 09.00 am ਤੋਂ 05.00 pm ਦਫਤਰ ਦੇ ਟੈਲੀਫੋਨ ਨੰ. 0172-2298000 (Extension No. 5106 and 5107), 0172-2298083, 90417-99018 ਅਤੇ 96469-32955 ਤੇ ਸੰਪਰਕ ਕੀਤਾ ਜਾ ਸਕਦਾ ਹੈ।

(xxv) ਇਸ ਇਸ਼ਤਿਹਾਰ/ਭਰਤੀ ਸਬੰਧੀ ਜੇਕਰ ਕੋਈ ਤਰੁੱਟੀ ਧਿਆਨ ਵਿੱਚ ਆਉਂਦੀ ਹੈ ਤਾਂ ਉਸ ਨੂੰ ਸੁਧਾਰਨ ਦਾ ਹੱਕ ਬੋਰਡ ਕੋਲ ਰਾਖਵਾਂ ਹੋਵੇਗਾ।

**ਸਹੀ/-**

**ਸਥਾਨ: ਐਸ.ਏ.ਐਸ. ਨਗਰ** **ਸਕੱਤਰ,**

**ਮਿਤੀ: 26/11/2025** **ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**